# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 16-05-2025**

ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਕਿਹਾ ਏ ਕਿ ਪਾਕਿਸਤਾਨ ਦੇ ਨਾਲ ਸਿਰਫ਼ ਉਸ ਦੇ ਗੈਰ-ਕਾਨੂੰਨੀ ਕਬਜ਼ੇ ਵਾਲੇ ਜੰਮੂ-ਕਸ਼ਮੀਰ ਨੂੰ ਮੁਕਤ ਕਰਾਉਣ ਅਤੇ ਦਹਿਸ਼ਤਗਰਦੀ ਦੇ ਮੁੱਦੇ 'ਤੇ ਗੱਲਬਾਤ ਹੋਵੇਗੀ। ਸ਼੍ਰੀ ਜੈਸ਼ੰਕਰ ਨੇ ਕਿਹਾ ਕਿ ਸਿੰਧੂ ਜਲ ਸੰਧੀ ਉਦੋਂ ਤੱਕ ਮੁਅੱਤਲ ਰਹੇਗੀ, ਜਦੋਂ ਤੱਕ ਪਾਕਿਸਤਾਨ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਭਰੋਸੇਯੋਗ ਢੰਗ ਨਾਲ ਨਹੀਂ ਰੋਕਦਾ । ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚਕਾਰ ਕਿਸੇ ਵੀ ਤੀਜੀ ਧਿਰ ਦੀ ਸਾਲਸੀ ਨੂੰ ਰੱਦ ਕਰਦੇ ਹੋਏ ਕਿਹਾ ਕਿ ਕੋਈ ਵੀ ਗੱਲਬਾਤ ਸਿਰਫ ਦੁਵੱਲੇ ਆਧਾਰ 'ਤੇ ਹੋਵੇਗੀ। ਡਾ: ਜੈਸ਼ੰਕਰ ਨੇ ਕਿਹਾ ਕਿ ਭਾਰਤ ਨੂੰ ਸੌਂਪੇ ਜਾਣ ਵਾਲੇ ਦਹਿਸ਼ਤਗਰਦਾਂ ਦੀ ਸੂਚੀ ਪਾਕਿਸਤਾਨ ਨੂੰ ਦੇ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਦਹਿਸ਼ਤਗਰਦੀ ਢਾਂਚੇ ਨੂੰ ਵੀ ਤਬਾਹ ਕਰਨਾ ਪਵੇਗਾ।

------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਭਾਰਤ-ਤਿੱਬਤੀ ਸਰਹੱਦੀ ਪੁਲਿਸ - ITBP ਨੂੰ ਮਾਊਂਟ ਮਕਾਲੂ ਦੀ ਚੋਟੀ 'ਤੇ ਪਹੁੰਚਣ ਲਈ ਵਧਾਈ ਦਿੱਤੀ ਏ

। ਇਹ ਦੁਨੀਆ ਦੀ ਪੰਜਵੀਂ ਸਭ ਤੋਂ ਉੱਚੀ ਪਹਾੜੀ ਚੋਟੀ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ITBP ਦੇ ਜਵਾਨਾਂ ਨੇ ਮਾਊਂਟ ਮਕਾਲੂ ਦੀ ਚੋਟੀ 'ਤੇ ਤਿਰੰਗਾ ਲਹਿਰਾਇਆ ਅਤੇ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੇ ਸਵੱਛ ਭਾਰਤ ਅਭਿਆਨ ਤੋਂ ਪ੍ਰੇਰਿਤ ਹੋ ਕੇ ਇੱਕ ਸਫਾਈ ਮੁਹਿੰਮ ਸ਼ੁਰੂ ਕੀਤੀ। ਇਸ ਸਮੇਂ ਦੌਰਾਨ, ਖਰਾਬ ਮੌਸਮ ਦੇ ਵਿਚਕਾਰ 150 ਕਿਲੋਗ੍ਰਾਮ ਕੂੜਾ ਵੀ ਹਟਾਇਆ ਗਿਆ। ਅਮਿਤ ਸ਼ਾਹ ਨੇ ਸੈਨਿਕਾਂ ਦੇ ਹੌਂਸਲੇ ਅਤੇ ਵਚਨਬੱਧਤਾ ਦੀ ਵੀ ਸ਼ਲਾਘਾ ਕੀਤੀ।

---------------------------------------------------------------------

ਧਰਤੀ ਹੇਠਲੇ ਬੇਸ਼ਕੀਮਤੀ ਪਾਣੀ ਦੀ 15 ਤੋਂ 20 ਫੀਸਦੀ ਬੱਚਤ ਕਰਨ ਦੇ ਮੰਤਵ ਨਾਲ ਇਕ ਹੋਰ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਕੱਲ ਝੋਨੇ ਦੀ ਸਿੱਧੀ ਬਿਜਾਈ ਦੀ ਸ਼ੁਰੂਆਤ ਕੀਤੀ, ਜਿਹੜੀ ਕਿਸਾਨਾਂ ਦੀ ਆਮਦਨ ਵਿੱਚ ਵੱਡੇ ਵਾਧੇ ਤੋਂ ਇਲਾਵਾ ਧਰਤੀ ਹੇਠਲਾ ਡਿੱਗਦਾ ਪਾਣੀ ਬਚਾਉਣ ਲਈ ਪ੍ਰੇਰਕ ਵਜੋਂ ਕੰਮ ਕਰੇਗੀ। ਚੰਡੀਗੜ੍ਹ ਵਿਚ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਝੋਨੇ ਦੀ ਸਿੱਧੀ ਬਿਜਾਈ ਰਾਹੀਂ ਕਾਸ਼ਤ ਕਰਨ ਨੂੰ ਉਤਸ਼ਾਹਤ ਕੀਤਾ ਗਿਆ । ਭਗਵੰਤ ਸਿੰਘ ਮਾਨ ਨੇ ਕਿਹਾ ਕਿ  ਸਰਕਾਰ ਦਾ ਟੀਚਾ ਇਸ ਸਾਉਣੀ ਸੀਜ਼ਨ ਦੌਰਾਨ ਪੰਜ ਲੱਖ ਏਕੜ ਰਕਬੇ ਨੂੰ ਝੋਨੇ

ਦੀ ਸਿੱਧੀ ਬਿਜਾਈ ਅਧੀਨ ਲਿਆਉਣ ਦਾ ਏ । ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਖੇਤੀਬਾੜੀ ਨੂੰ ਚਿਰਸਥਾਈ ਬਣਾਉਣ ਨੂੰ ਉਤਸ਼ਾਹਤ ਕਰੇਗੀ ਨਾਲ ਹੀ ਧਰਤੀ ਹੇਠਲਾ ਪਾਣੀ ਬਚਾਉਣ ਵਿੱਚ ਮਦਦਗਾਰ ਹੋਵੇਗੀ। ਉਨ੍ਹਾਂ ਕਿਹਾ ਕਿ ਇੱਛੁਕ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਲਈ 30 ਜੂਨ ਤੱਕ ਆਨਲਾਈਨ ਪੋਰਟਲ agri machinery pb.com ਉਤੇ ਰਜਿਸਟਰ ਕਰ ਸਕਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਨਾਲ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੀ 15 ਤੋਂ 20 ਫੀਸਦੀ ਬੱਚਤ ਹੋਵੇਗੀ।

---------------------------------------------------------------------

ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪੰਜਾਬ ਰੋਡਵੇਜ਼ ਅਤੇ ਪੀ. ਆਰ. ਟੀ. ਸੀ. ਦੇ ਅਧਿਕਾਰੀਆਂ ਨੂੰ ਨਵੀਆਂ ਬੱਸਾਂ ਪਾਉਣ ਦੀ ਕਾਰਵਾਈ ਵਿਚ ਤੇਜ਼ੀ ਲਿਆਉਣ ਬਾਰੇ ਹੁਕਮ ਦਿੱਤੇ ਨੇ । ਜ਼ਿਕਰਯੋਗ ਏ ਕਿ ਪਨਬੱਸ ਦੇ ਬੇੜੇ 'ਚ 606 ਅਤੇ ਪੀ.ਆਰ.ਟੀ.ਸੀ 'ਚ 656 ਸਮੇਤ 100 ਮਿੰਨੀ ਬੱਸਾਂ ਦੇ ਕੁੱਲ 1262 ਨਵੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ। ਚੰਡੀਗੜ੍ਹ ਵਿਚ ਨਵੀਂਆਂ ਬੱਸਾਂ ਦੀ ਖਰੀਦ ਸਬੰਧੀ ਚਲ ਰਹੀ ਕਾਰਵਾਈ ਬਾਰੇ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਰੋਡਵੇਜ਼ ਅਤੇ ਪੀ. ਆਰ. ਟੀ. ਸੀ. ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਵੀਆਂ

ਬੱਸਾਂ ਦੀ ਖਰੀਦ ਸਬੰਧੀ ਚਲ ਰਹੀ ਕਾਰਵਾਈ ਮੁਕੰਮਲ ਕਰ ਲਈ ਜਾਵੇ ਤਾਂ ਜੋ ਸੂਬੇ ਦੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------------------

ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨਿਵੇਕਲੀ ਪਹਿਲਕਦਮੀ ਸ਼ੁਰੂ ਕਰਦਿਆਂ ਵਿਭਾਗ ਦੇ ਅਧਿਕਾਰੀਆਂ ਨੂੰ ਇੱਕ ਸ਼ਹਿਰੀ ਜੰਗਲਾਤ ਪ੍ਰੋਜੈਕਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜਿਸ ਤਹਿਤ ਸ਼ਹਿਰੀ ਖੇਤਰਾਂ ਵਿੱਚ ਲੰਬੇ ਬੂਟੇ ਲਗਾਏ ਜਾਣਗੇ। ਇਨ੍ਹਾਂ ਬੂਟਿਆਂ ਦੀ ਸੁਰੱਖਿਆ ਲਈ ਇਨ੍ਹਾਂ ਦੇ ਦੁਆਲੇ ਟ੍ਰੀ ਗਾਰਡਾਂ ਲਾਏ ਜਾਣਗੇ, ਜਿਨ੍ਹਾਂ ’ਤੇ ਵਿਭਾਗ ਦਾ ਨਾਮ ਲਿਖਿਆ ਹੋਵੇਗਾ। ਕੱਲ ਚੰਡੀਗੜ੍ਹ ਇੱਕ ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਛਾਂਦਾਰ ਰੁੱਖਾਂ ਦੇ ਨਾਲ-ਨਾਲ ਫਲਦਾਰ ਰੁੱਖ ਲਗਾਉਣ ’ਤੇ ਧਿਆਨ ਕੇਂਦਰਿਤ ਕੀਤਾ ਜਾਣਾ ਚਾਹੀਦਾ ਏ । ਸ੍ਰੀ ਕਟਾਰੂਚੱਕ ਨੇ ਅਧਿਕਾਰੀਆਂ ਨੂੰ ਨਿੰਮ, ਬੋਹੜ ਅਤੇ ਪਿੱਪਲ ਨੂੰ ਸੁਰੱਖਿਅਤ ਰੁੱਖਾਂ ਵਜੋਂ ਐਲਾਨ ਕਰਨ ਲਈ ਇੱਕ ਤਜਵੀਜ਼ ਤਿਆਰ ਕਰਨ ਵਾਸਤੇ ਕਿਹਾ ਜੋ ਕਿ ਇਨ੍ਹਾਂ ਰੁੱਖਾਂ ਦੀ ਸੰਭਾਲ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ । ਸ਼ਿਵਾਲਿਕ ਪਹਾੜੀਆਂ ਅਤੇ ਉੱਤਰੀ ਖੇਤਰ ਵਿੱਚ ਵਿਭਾਗ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ, ਮੰਤਰੀ ਨੇ ਸੂਬੇ

ਵਿੱਚ ਹਰਿਆਵਲ ਅਧੀਨ ਰਕਬਾ ਵਧਾਉਣ ਦੇ ਉਦੇਸ਼ ਨਾਲ ਪੌਦੇ ਲਗਾਉਣ ਲਈ ਵਿਆਪਕ ਮੁਹਿੰਮ ਸ਼ੁਰੂ ਕਰਨ ਦੀ ਵਕਾਲਤ ਕੀਤੀ। ਨਾਨਕ ਬਗੀਚੀਆਂ ਅਤੇ ਪਵਿੱਤਰ ਵਣ ਦੇ ਨਾਲ ਹੀ ਹਰ ਵਿਕਾਸ ਪ੍ਰੋਜੈਕਟ ਵਿੱਚ ਪਾਰਦਰਸ਼ਿਤਾ ਲਿਆਉਣ ‘ਤੇ ਜ਼ੋਰ ਦਿੰਦਿਆਂ, ਮੰਤਰੀ ਨੇ ਕਿਹਾ ਕਿ ਇਹਨਾਂ ਕਾਰਜਾਂ ਦੇ ਲਾਗੂਕਰਨ ਵਿੱਚ ਢਿੱਲ-ਮੱਠ ਬਿਲਕੁੱਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

---------------------------------------------------------------------

ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਅੱਜ ਤੋਂ 25 ਮਈ ਤੱਕ ਜਾਗਰੂਕਤਾ ਮੁਹਿੰਮ "ਨਸ਼ਾ ਮੁਕਤੀ ਯਾਤਰਾ" ਸ਼ੁਰੂ ਕੀਤੀ ਜਾ ਰਹੀ ਏ । ਲੁਧਿਆਣਾ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ 275 ਯਾਤਰਾਵਾਂ ਕੱਢੀਆਂ ਜਾਣਗੀਆ। ਜ਼ਿਲ੍ਹੇ ਦੇ 14 ਵਿਧਾਨ ਸਭਾ ਹਲਕਿਆਂ ਵਿੱਚ ਹਰੇਕ ਹਲਕੇ ਵਿੱਚ ਰੋਜ਼ਾਨਾ ਕਈ ਸਮਾਗਮ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਇਹ ਨਸ਼ਾ ਮੁਕਤੀ ਯਾਤਰਾ ਸਮਾਜ ਨੂੰ ਚੌਕਸੀ ਵਧਾਉਣ ਅਤੇ ਨਸ਼ਿਆਂ ਨੂੰ ਖ਼ਤਮ ਕਰਨ ਲਈ ਸਮੂਹਿਕ ਕਾਰਵਾਈ ਕਰਨ ਲਈ ਉਤਸ਼ਾਹਿਤ ਕਰੇਗੀ। ਉਨ੍ਹਾਂ ਨੇ ਨਸ਼ਾ ਮੁਕਤ ਸਮਾਜ ਦੀ ਪ੍ਰਾਪਤੀ ਲਈ ਜਨਤਕ ਭਾਗੀਦਾਰੀ ਦੀ ਮਹੱਤਵਪੂਰਨ ਲੋੜ 'ਤੇ ਜ਼ੋਰ ਦਿੱਤਾ ਅਤੇ ਹਰੇਕ ਨਾਗਰਿਕ ਨੂੰ ਮਿਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਗੱਲ 'ਤੇ ਜ਼ੋਰ ਦਿੰਦੇ

ਹੋਏ ਕਿ ਜ਼ਿਲ੍ਹਾ ਲੁਧਿਆਣਾ ਨਸ਼ਾ ਮੁਕਤ ਕਰਨ ਦਾ ਟੀਚਾ ਸਿਰਫ ਇਕਜੁੱਟ ਯਤਨਾਂ ਨਾਲ ਹੀ ਪ੍ਰਾਪਤ ਕੀਤਾ ਜਾ ਸਕਦਾ ਏ ।

ਹਿਮਾਂਸ਼ੂ ਜੈਨ ਨੇ ਕਿਹਾ ਕਿ ਹਰੇਕ ਨਸ਼ਾ ਮੁਕਤੀ ਯਾਤਰਾ ਪਿੰਡ ਰੱਖਿਆ ਕਮੇਟੀਆਂ ,ਵਾਰਡ ਰੱਖਿਆ ਕਮੇਟੀਆਂ , ਸਰਪੰਚ, ਪਿੰਡ ਵਾਸੀਆਂ ਅਤੇ ਹੋਰਾਂ ਨੂੰ ਇਕੱਠੇ ਕਰੇਗੀ ਤਾਂ ਜੋ ਜਾਗਰੂਕਤਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਅਤੇ ਨਸ਼ੇ ਨਾਲ ਸਬੰਧਤ ਗਤੀਵਿਧੀਆਂ ਵਿਰੁੱਧ ਲੜਾਈ ਨੂੰ ਮਜ਼ਬੂਤ ਕੀਤਾ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਅੱਗੇ ਕਿਹਾ ਕਿ ਨਸ਼ਾ ਮੁਕਤ ਵਿਅਕਤੀ ਦੂਜਿਆਂ ਨੂੰ ਪ੍ਰੇਰਿਤ ਕਰਨ ਲਈ ਪ੍ਰੇਰਣਾਦਾਇਕ ਭਾਸ਼ਣ ਸਾਂਝੇ ਕਰਨਗੇ ਅਤੇ ਭਾਗੀਦਾਰਾਂ ਵਿੱਚ ਵਚਨਬੱਧਤਾ ਅਤੇ ਚੌਕਸੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਹੁੰ ਚੁਕਾਈ ਜਾਵੇਗੀ।

------------------------------------------------------------------"

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਪੁਲਿਸ ਵੱਲੋਂ ਅੱਜ ਸੂਬੇ ਭਰ ਦੇ ਬੱਸ ਅੱਡਿਆਂ ’ਤੇ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਚਲਾਈ ਗਈ। ਇਹ ਆਪਰੇਸ਼ਨ ਪੰਜਾਬ ਮੁਖੀ ਪੁਲਿਸ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਚਲਾਇਆ ਗਿਆ।

ਕਾਨੂੰਨ ਅਤੇ ਵਿਵਸਥਾ ਵਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਕਿਹਾ

ਕਿ ਐਸ.ਪੀ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਭਾਰੀ ਪੁਲਿਸ ਬਲ ਤਾਇਨਾਤ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸੂਬੇ ਭਰ ਦੇ ਸਾਰੇ ਬੱਸ ਅੱਡਿਆਂ ’ਤੇ ਚਲਾਏ ਗਏ ਇਸ ਆਪਰੇਸ਼ਨ ਦੌਰਾਨ ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ। ਸੂਬੇ ਭਰ ਵਿੱਚ 83 ਮਾਮਲੇ ਦਰਜ ਕਰਕੇ  124 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ । ਇਸ ਦੇ ਨਾਲ, 75 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 11 ਹਜ਼ਾਰ 208 ਹੋ ਗਈ ਏ । ਉਨ੍ਹਾਂ ਦੱਸਿਆ ਕਿ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 4 ਕਿਲੋਗ੍ਰਾਮ ਤੋਂ ਵੱਧ ਹੈਰੋਇਨ, ਢਾਈ ਕਿਲੋਗ੍ਰਾਮ ਅਫੀਮ ਅਤੇ 27 ਹਜ਼ਾਰ 90 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ 200 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 481 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ ।